ਅੰਤੁ ਨ ਸਿਫਤੀ ਕਹਣਿ ਨ ਅੰਤੁ ॥ ਅੰਤੁ ਨ ਕਰਣੈ ਦੇਣਿ ਨ ਅੰਤੁ ॥ ਅੰਤੁ ਨ ਵੇਖਣਿ ਸੁਣਣਿ ਨ ਅੰਤੁ ॥ ਅੰਤੁ ਨ ਜਾਪੈ ਕਿਆ ਮਨਿ ਮੰਤੁ ॥ ਅੰਤੁ ਨ ਜਾਪੈ ਕੀਤਾ ਆਕਾਰੁ ॥ ਅੰਤੁ ਨ ਜਾਪੈ ਪਾਰਾਵਾਰੁ ॥ ਅੰਤ ਕਾਰਣਿ ਕੇਤੇ ਬਿਲਲਾਹਿ ॥ ਤਾ ਕੇ ਅੰਤ ਨ ਪਾਏ ਜਾਹਿ ॥ ਏਹੁ ਅੰਤੁ ਨ ਜਾਣੈ ਕੋਇ ॥ ਬਹੁਤਾ ਕਹੀਐ ਬਹੁਤਾ ਹੋਇ ॥ ਵਡਾ ਸਾਹਿਬੁ ਊਚਾ ਥਾਉ ॥ ਊਚੇ ਉਪਰਿ ਊਚਾ ਨਾਉ ॥ ਏਵਡੁ ਊਚਾ ਹੋਵੈ ਕੋਇ ॥ ਤਿਸੁ ਊਚੇ ਕਉ ਜਾਣੈ ਸੋਇ ॥ ਜੇਵਡੁ ਆਪਿ ਜਾਣੈ ਆਪਿ ਆਪਿ ॥ ਨਾਨਕ ਨਦਰੀ ਕਰਮੀ ਦਾਤਿ ॥੨੪ ॥